ਗਉੜੀ ਕਬੀਰ ਜੀ ॥ ਉਪਜੈ ਨਿਪਜੈ ਨਿਪਜਿ ਸਮਾਈ ॥ ਨੈਨਹ ਦੇਖਤ ਇਹੁ ਜਗੁ ਜਾਈ ॥੧॥ ਲਾਜ ਨ ਮਰਹੁ ਕਹਹੁ ਘਰੁ ਮੇਰਾ ॥ ਅੰਤ ਕੀ ਬਾਰ ਨਹੀ ਕਛੁ ਤੇਰਾ ॥੧॥ ਰਹਾਉ ॥ ਅਨਿਕ ਜਤਨ ਕਰਿ ਕਾਇਆ ਪਾਲੀ ॥ ਮਰਤੀ ਬਾਰ ਅਗਨਿ ਸੰਗਿ ਜਾਲੀ ॥੨॥ ਚੋਆ ਚੰਦਨੁ ਮਰਦਨ ਅੰਗਾ ॥ ਸੋ ਤਨੁ ਜਲੈ ਕਾਠ ਕੈ ਸੰਗਾ ॥ ੩॥ ਕਹੁ ਕਬੀਰ ਸੁਨਹੁ ਰੇ ਗੁਨੀਆ ॥ ਬਿਨਸੈਗੋ ਰੂਪੁ ਦੇਖੈ ਸਭ ਦੁਨੀਆ ॥੪॥੧੧॥ {ਪੰਨਾ 325}

ਪਦਅਰਥ:- ਉਪਜੈ—ਉੱਗਦਾ ਹੈ, ਮੁੱਢ ਬੱਝਦਾ ਹੈ। ਨਿਪਜੈ—ਨਿੰਮਦਾ ਹੈ, ਵਜੂਦ ਵਿਚ ਆਉਂਦਾ ਹੈ। ਨਿਪਜਿ—ਬਣ ਕੇ, ਵਜੂਦ ਵਿਚ ਆ ਕੇ। ਸਮਾਈ—ਨਾਸ ਹੋ ਜਾਂਦਾ ਹੈ। ਨੈਨਹੁ ਦੇਖਤ—ਅੱਖੀਂ ਵੇਖਦਿਆਂ। ਜਾਈ—ਚਲਾ ਜਾਂਦਾ ਹੈ, ਤੁਰਿਆ ਜਾ ਰਿਹਾ ਹੈ।1।

ਲਾਜ—ਸ਼ਰਮ। ਕਹਹੁ—ਤੁਸੀ ਆਖਦੇ ਹੋ। ਅੰਤ ਕੀ ਬਾਰ—ਜਿਸ ਵੇਲੇ ਮੌਤ ਆਵੇਗੀ।1। ਰਹਾਉ।

ਕਾਇਆ—ਸਰੀਰ। ਮਰਤੀ ਬਾਰ—ਮਰਨ ਵੇਲੇ। ਜਾਲੀ—ਸਾੜੀਦੀ ਹੈ।2।

ਚੋਆ—ਅਤਰ। ਮਰਦਨ—ਮਾਲਸ਼। ਅੰਗਾ—ਸਰੀਰ ਦੇ ਅੰਗਾਂ ਨੂੰ। ਜਲੈ—ਸੜ ਜਾਂਦਾ ਹੈ। ਕਾਠ ਕੈ ਸੰਗਾ—ਲੱਕੜਾਂ ਨਾਲ।3।

ਰੇ ਗੁਨੀਆ—ਹੇ ਵਿਚਾਰਵਾਨ ਮਨੁੱਖ! ਬਿਨਸੈਗੋ—ਨਾਸ ਜੋ ਜਾਇਗਾ।4।11।

ਅਰਥ:- (ਪਹਿਲਾਂ ਇਸ ਜੀਵ ਦਾ ਪਿਤਾ ਦੀ ਬਿੰਦ ਤੋਂ) ਮੁੱਢ ਬੱਝਦਾ ਹੈ, (ਫਿਰ ਮਾਂ ਦੇ ਪੇਟ ਵਿਚ ਇਹ) ਵਜੂਦ ਵਿਚ ਆਉਂਦਾ ਹੈ; ਵਜੂਦ ਵਿਚ ਆ ਕੇ (ਮੁੜ) ਨਾਸ ਹੋ ਜਾਂਦਾ ਹੈ। (ਸੋ) ਅਸਾਡੇ ਅਖੀਂ ਵੇਖਦਿਆਂ ਹੀ ਇਹ ਸੰਸਾਰ (ਇਸੇ ਤਰ੍ਹਾਂ) ਤੁਰਿਆ ਜਾ ਰਿਹਾ ਹੈ।1।

(ਤਾਂ ਤੇ, ਹੇ ਜੀਵ!) ਸ਼ਰਮ ਨਾਲ ਕਿਉਂ ਨਹੀਂ ਡੁੱਬ ਮਰਦਾ (ਭਾਵ, ਤੂੰ ਝੱਕਦਾ ਕਿਉਂ ਨਹੀਂ) ਜਦੋਂ ਤੂੰ ਇਹ ਆਖਦਾ ਹੈਂ ਕਿ ਇਹ ਘਰ ਮੇਰਾ ਹੈ? (ਚੇਤੇ ਰੱਖ) ਜਿਸ ਵੇਲੇ ਮੌਤ ਆਵੇਗੀ, ਤਦੋਂ ਕੋਈ ਭੀ ਚੀਜ਼ ਤੇਰੀ ਨਹੀਂ ਰਹੇਗੀ।1। ਰਹਾਉ।

ਅਨੇਕਾਂ ਜਤਨ ਕਰ ਕੇ ਇਹ ਸਰੀਰ ਪਾਲੀਦਾ ਹੈ; ਪਰ ਜਦੋਂ ਮੌਤ ਆਉਂਦੀ ਹੈ, ਇਸ ਨੂੰ ਅੱਗ ਨਾਲ ਸਾੜ ਦੇਈਦਾ ਹੈ।2।

(ਜਿਸ ਸਰੀਰ ਦੇ) ਅੰਗਾਂ ਨੂੰ ਅਤਰ ਤੇ ਚੰਦਨ ਮਲੀਦਾ ਹੈ, ਉਹ ਸਰੀਰ (ਆਖ਼ਰ ਨੂੰ) ਲੱਕੜਾਂ ਨਾਲ ਸੜ ਜਾਂਦਾ ਹੈ।3।

ਹੇ ਕਬੀਰ! ਆਖ—ਹੇ ਵਿਚਾਰਨ ਮਨੁੱਖ! ਚੇਤੇ ਰੱਖ; ਸਾਰੀ ਦੁਨੀਆ ਵੇਖੇਗੀ (ਭਾਵ, ਸਭ ਦੇ ਵੇਖਦਿਆਂ ਵੇਖਦਿਆਂ) ਇਹ ਰੂਪ ਨਾਸ ਹੋ ਜਾਇਗਾ।4।11।

ਸ਼ਬਦ ਦਾ ਭਾਵ:- ਕੋਈ ਚੀਜ਼ ਮਨੁੱਖ ਦੇ ਨਾਲ ਨਹੀਂ ਜਾ ਸਕਦੀ; ਹੋਰ ਤਾਂ ਹੋਰ, ਇਹ ਸਰੀਰ ਭੀ ਇੱਥੇ ਹੀ ਨਾਸ ਹੋ ਜਾਂਦਾ ਹੈ। ਤਾਂ ਤੇ, ਧਨ-ਪਦਾਰਥ ਨੂੰ ਆਪਣਾ ਆਖ ਆਖ ਕੇ ਮੋਹ ਵਿਚ ਫਸਣਾ ਨਹੀਂ ਚਾਹੀਦਾ।11।

ਨੋਟ:- ਸਧਾਰਨ ਤੌਰ ਤੇ ਜਗਤ ਦੀ ਅਸਾਰਤਾ ਦਾ ਜ਼ਿਕਰ ਕਰਦਿਆਂ, ਕਬੀਰ ਜੀ ਆਖਦੇ ਹਨ ਕਿ ਮਰਨ ਤੇ ਸਰੀਰ ਸਾੜ ਦੇਈਦਾ ਹੈ। ਸਰੀਰ ਨੂੰ ਸਾੜਨ ਸੰਬੰਧੀ ਇਹ ਸੁਭਾਵਿਕ ਬਚਨ ਜ਼ਾਹਰ ਕਰਦੇ ਹਨ ਕਿ ਕਬੀਰ ਜੀ ਹਿੰਦੂ ਘਰ ਵਿਚ ਜੰਮੇ-ਪਲੇ ਸਨ, ਮੁਸਲਮਾਨ ਨਹੀਂ ਸਨ। ਬਾਬਾ ਫ਼ਰੀਦ ਜੀ ਦੀ ਸਾਰੀ ਬਾਣੀ ਪੜ੍ਹ ਕੇ ਵੇਖੋ, ਉਹ ਹਰ ਥਾਂ ਮੁਸਲਮਾਨੀ ਬੋਲੀ ਹੀ ਵਰਤਦੇ ਹਨ, ਕਿਉਂਕਿ ਉਹ ਮੁਸਲਮਾਨ ਸਨ।